# TODAY'S HUKAMNAMA FROM SRI DARBAR SAHIB, Sri Amritsar.

ਰਾਮਕਲੀ ਮਹਲਾ ੫ ॥

ਬੀਜ ਮੰਤ੍ਰੁ ਹਰਿ ਕੀਰਤਨੁ ਗਾਉ ॥ ਆਗੈ ਮਿਲੀ ਨਿਥਾਵੇ ਥਾਉ ॥ ਗੁਰ ਪੂਰੇ ਕੀ ਚਰਣੀ ਲਾਗੁ ॥ ਜਨਮ ਜਨਮ ਕਾ ਸੋਇਆ ਜਾਗੁ ॥੧॥ ਹਰਿ ਹਰਿ ਜਾਪੁ ਜਪਲਾ ॥ ਗੁਰ ਕਿਰਪਾ ਤੇ ਹਿਰਦੈ ਵਾਸੈ ਭਉਜਲੁ ਪਾਰਿ ਪਰਲਾ ॥੧॥ ਰਹਾਉ ॥ ਨਾਮੁ ਨਿਧਾਨੁ ਧਿਆਇ ਮਨ ਅਟਲ ॥ ਤਾ ਛੂਟਹਿ ਮਾਇਆ ਕੇ ਪਟਲ ॥ ਗੁਰ ਕਾ ਸਬਦੁ ਅੰਮ੍ਰਿਤ ਰਸੁ ਪੀਉ ॥ ਤਾ ਤੇਰਾ ਹੋਇ ਨਿਰਮਲ ਜੀਉ ॥੨॥ ਸੋਧਤ ਸੋਧਤ ਸੋਧਿ ਬੀਚਾਰਾ ॥ ਬਿਨੁ ਹਰਿ ਭਗਤਿ ਨਹੀ ਛੁਟਕਾਰਾ ॥ ਸੋ ਹਰਿ ਭਜਨੁ ਸਾਧ ਕੈ ਸੰਗਿ ॥ ਮਨੁ ਤਨੁ ਰਾਪੈ ਹਰਿ ਕੈ ਰੰਗਿ ॥੩॥ ਛੋਡਿ ਸਿਆਣਪ ਬਹੁ ਚਤੁਰਾਈ ॥ ਮਨ ਬਿਨੁ ਹਰਿ ਨਾਵੈ ਜਾਇ ਨ ਕਾਈ ॥ ਦਇਆ ਧਾਰੀ ਗੋਵਿਦ ਗੋੁਸਾਈ ॥ ਹਰਿ ਹਰਿ ਨਾਨਕ ਟੇਕ ਟਿਕਾਈ ॥੪॥੧੬॥੨੭॥

(ਅੰਗ: ੮੯੧)

<u>ਪੰਜਾਬੀ ਵਿਆਖਿਆ</u>:

ਰਾਮਕਲੀ ਮਹਲਾ ੫ ॥

(ਹੇ ਭਾਈ!) ਪਰਮਾਤਮਾ ਦੀ ਸਿਫ਼ਤਿ (ਦਾ ਗੀਤ) ਗਾਇਆ ਕਰੋ (ਪਰਮਾਤਮਾ ਨੂੰ ਵੱਸ ਕਰਨ ਦਾ) ਇਹ ਸਭ ਤੋਂ ਸ੍ਰੇਸ਼ਟ ਮੰਤ੍ਰ ਹੈ। (ਕੀਰਤਨ ਦੀ ਬਰਕਤਿ ਨਾਲ) ਪਰਲੋਕ ਵਿਚ ਨਿਆਸਰੇ ਜੀਵ ਨੂੰ ਭੀ ਆਸਰਾ ਮਿਲ ਜਾਂਦਾ ਹੈ। (ਹੇ ਭਾਈ!) ਪੂਰੇ ਗੁਰੂ ਦੇ ਚਰਨਾਂ ਤੇ ਪਿਆ ਰਹੁ, ਇਸ ਤਰ੍ਹਾਂ ਕਈ ਜਨਮਾਂ ਤੋਂ (ਮਾਇਆ ਦੇ ਮੋਹ ਦੀ) ਨੀਂਦ ਵਿਚ ਸੁੱਤਾ ਹੋਇਆ ਤੂੰ ਜਾਗ ਪਏਂਗਾ ।੧। (ਹੇ ਭਾਈ! ਜਿਸ ਮਨੁੱਖ ਨੇ) ਪਰਮਾਤਮਾ (ਦੇ ਨਾਮ) ਦਾ ਜਾਪ ਜਪਿਆ, (ਜਿਸ ਮਨੁੱਖ ਦੇ) ਹਿਰਦੇ ਵਿਚ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ) ਆ ਵੱਸਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ।੧।ਰਹਾਉ। ਹੇ ਮਨ! ਪਰਮਾਤਮਾ ਦਾ ਨਾਮ ਕਦੇ ਨਾਹ ਮੁੱਕਣ ਵਾਲਾ ਖ਼ਜ਼ਾਨਾ ਹੈ, ਇਸ ਨੂੰ ਸਿਮਰਦਾ ਰਹੁ, ਤਦੋਂ ਹੀ ਤੇਰੇ ਮਾਇਆ (ਦੇ ਮੋਹ) ਦੇ ਪੜਦੇ ਪਾਟਣਗੇ। ਹੇ ਮਨ! ਗੁਰੂ ਦਾ ਸ਼ਬਦ ਆਤਮਕ ਜੀਵਨ ਦੇਣ ਵਾਲਾ ਰਸ ਹੈ, ਇਸ ਨੂੰ ਪੀਂਦਾ ਰਹੁ, ਤਦੋਂ ਹੀ ਤੇਰੀ ਜਿੰਦ ਪਵਿੱਤ੍ਰ ਹੋਵੇਗੀ ।੨। ਹੇ ਮਨ! ਅਸਾਂ ਬਹੁਤ ਵਿਚਾਰ ਵਿਚਾਰ ਕੇ ਇਹ ਸਿੱਟਾ ਕੱਢਿਆ ਹੈ ਕਿ ਪਰਮਾਤਮਾ ਦੀ ਭਗਤੀ ਤੋਂ ਬਿਨਾ (ਮਾਇਆ ਦੇ ਮੋਹ ਤੋਂ) ਖ਼ਲਾਸੀ ਨਹੀਂ ਹੋ ਸਕਦੀ। ਪ੍ਰਭੂ ਦੀ ਉਹ ਭਗਤੀ ਗੁਰੂ ਦੀ ਸੰਗਤਿ ਵਿਚ (ਪ੍ਰਾਪਤ ਹੁੰਦੀ ਹੈ। ਜਿਸ ਨੂੰ ਪ੍ਰਾਪਤੀ ਹੁੰਦੀ ਹੈ, ਉਸ ਦਾ) ਮਨ ਅਤੇ ਤਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ ।੩। ਹੇ ਮਨ! (ਆਪਣੀ) ਸਿਆਣਪ ਅਤੇ ਬਹੁਤੀ ਚਤੁਰਾਈ ਛੱਡ ਦੇ। (ਜਿਵੇਂ ਜਾਲੇ ਦੇ ਕਾਰਨ ਭੁਇਂ ਵਿਚ ਪਾਣੀ ਜੀਉਰਦਾ ਨਹੀਂ, ਇਸੇ ਤਰ੍ਹਾਂ ਹਉਮੈ ਦੇ ਕਾਰਨ ਗੁਰੂ ਦੇ ਉਪਦੇਸ਼ ਦਾ ਅਸਰ ਨਹੀਂ ਹੁੰਦਾ), ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਜਾਲਾ ਦੂਰ ਨਹੀਂ ਹੁੰਦਾ। ਹੇ ਨਾਨਕ! (ਆਖ—) ਜਿਸ ਮਨੁੱਖ ਉਤੇ ਧਰਤੀ ਦਾ ਖਸਮ ਪ੍ਰਭੂ ਦਇਆ ਕਰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਆਸਰਾ ਲੈਂਦਾ ਹੈ ।੪।੧੬।੧੭।

**<u>English Translation</u>:**

**RAAMKALEE, FIFTH MEHL:**

Sing the Kirtan of the Lord's Praises, and the Beej Mantra, the Seed Mantra. Even the homeless find a home in the world hereafter. Fall at the feet of the Perfect Guru; you have slept for so many incarnations — wake up! || 1 || Chant the Chant of the Lord's Name, Har, Har. By Guru's Grace, it shall be enshrined within your heart, and you shall cross over the terrifying world-ocean. || 1 || Pause || Meditate on the eternal treasure of the Naam, the Name of the Lord, O mind, and then, the screen of Maya shall be torn away. Drink in the Ambrosial Nectar of the Guru's Shabad, and then your soul shall be rendered immaculate and pure. || 2 || Searching, searching, searching, I have realized that without devotional worship of the Lord, no one is saved. So vibrate, and meditate on that Lord in the Saadh Sangat, the Company of the Holy; your mind and body shall be imbued with love for the Lord. || 3 || Renounce all your cleverness and trickery. O mind, without the Lord's Name, there is no place of rest. The Lord of the Universe, the Lord of the World, has taken pity on me. Nanak seeks the protection and support of the Lord, Har, Har. || 4 || 16 || 27 ||

https://sikhizm.com/hukamnama/beej-mantar-har-kirtan-gao/

**(Page: 891)**